ੴ ਸਤਿਗੁਰ ਪ੍ਰਸਾਦਿ ॥ ਰਾਗੁ ਆਸਾ ਘਰੁ ੬ ਮਹਲਾ ੫ ॥ ਜੋ ਤੁਧੁ ਭਾਵੈ ਸੋ ਪਰਵਾਨਾ ਸੂਖੁ ਸਹਜੁ ਮਨਿ ਸੋਈ ॥ ਕਰਣ ਕਾਰਣ ਸਮਰਥ ਅਪਾਰਾ ਅਵਰੁ ਨਾਹੀ ਰੇ ਕੋਈ ॥ ੧॥ ਤੇਰੇ ਜਨ ਰਸਕਿ ਰਸਕਿ ਗੁਣ ਗਾਵਹਿ ॥ ਮਸਲਤਿ ਮਤਾ ਸਿਆਣਪ ਜਨ ਕੀ ਜੋ ਤੂੰ ਕਰਹਿ ਕਰਾਵਹਿ ॥੧॥ ਰਹਾਉ ॥ ਅੰਮ੍ਰਿਤੁ ਨਾਮੁ ਤੁਮਾਰਾ ਪਿਆਰੇ ਸਾਧਸੰਗਿ ਰਸੁ ਪਾਇਆ ॥ ਤ੍ਰਿਪਤਿ ਅਘਾਇ ਸੇਈ ਜਨ ਪੂਰੇ ਸੁਖ ਨਿਧਾਨੁ ਹਰਿ ਗਾਇਆ ॥ ੨॥ ਜਾ ਕਉ ਟੇਕ ਤੁਮ੍ਾਰੀ ਸੁਆਮੀ ਤਾ ਕਉ ਨਾਹੀ ਚਿੰਤਾ ॥ ਜਾ ਕਉ ਦਇਆ ਤੁਮਾਰੀ ਹੋਈ ਸੇ ਸਾਹ ਭਲੇ ਭਗਵੰਤਾ ॥੩॥ ਭਰਮ ਮੋਹ ਧ੍ਰੋਹ ਸਭਿ ਨਿਕਸੇ ਜਬ ਕਾ ਦਰਸਨੁ ਪਾਇਆ ॥ ਵਰਤਣਿ ਨਾਮੁ ਨਾਨਕ ਸਚੁ ਕੀਨਾ ਹਰਿ ਨਾਮੇ ਰੰਗਿ ਸਮਾਇਆ ॥ ੪॥੧॥੪੦॥ {ਪੰਨਾ 380}

ਪਦਅਰਥ:- ਪਰਵਾਨਾ—ਕਬੂਲ। ਸਹਜੁ—ਆਤਮਕ ਅਡੋਲਤਾ। ਮਨਿ—ਮਨ ਵਿਚ। ਸੋਈ—ਉਹੀ, (ਪਰਮਾਤਮਾ ਦੀ ਰਜ਼ਾ ਮੰਨਣਾ ਹੀ)। ਰੇ—ਹੇ ਭਾਈ!।1।

ਰਸਕਿ—ਰਸ ਲੈ ਲੈ ਕੇ, ਸੁਆਦ ਨਾਲ। ਗਾਵਹਿ—ਗਾਂਦੇ ਹਨ। ਮਸਲਤਿ—ਸਲਾਹ-ਮਸ਼ਵਰਾ। ਮਤਾ—ਫ਼ੈਸਲਾ।1। ਰਹਾਉ।

ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ। ਤ੍ਰਿਪਤਿ—ਤ੍ਰਿਪਤੀ, ਸੰਤੋਖ, ਰੱਜ। ਅਘਾਇ—ਰੱਜ ਕੇ। ਨਿਧਾਨੁ—ਖ਼ਜ਼ਾਨਾ।2।

ਕਉ—ਨੂੰ। ਟੇਕ—ਆਸਰਾ। ਭਗਵੰਤਾ—ਭਾਗਾਂ ਵਾਲੇ।3।

ਭਰਮ—ਭਟਕਣ। ਧ੍ਰੋਹ—ਠੱਗੀ। ਸਭਿ—ਸਾਰੇ। ਨਿਕਸੇ—ਨਿਕਲ ਗਏ। ਸਚੁ—ਸਦਾ ਕਾਇਮ ਰਹਿਣ ਵਾਲਾ। ਨਾਮੇ—ਨਾਮ ਵਿਚ ਹੀ। ਰੰਗਿ—ਪ੍ਰੇਮ ਨਾਲ।4।

ਅਰਥ:- (ਹੇ ਪ੍ਰਭੂ!) ਤੇਰੇ ਦਾਸ ਮੁੜ ਮੁੜ ਸੁਆਦ ਨਾਲ ਤੇਰੇ ਗੁਣ ਗਾਂਦੇ ਰਹਿੰਦੇ ਹਨ। ਜੋ ਕੁਝ ਤੂੰ ਆਪ ਕਰਦਾ ਹੈਂ ਜੋ ਕੁਝ ਜੀਵਾਂ ਪਾਸੋਂ ਕਰਾਂਦਾ ਹੈਂ (ਉਸ ਨੂੰ ਸਿਰ-ਮੱਥੇ ਤੇ ਮੰਨਣਾ ਹੀ) ਤੇਰੇ ਦਾਸਾਂ ਵਾਸਤੇ ਸਿਆਣਪ ਹੈ (ਆਤਮਕ ਜੀਵਨ ਦੀ ਅਗਵਾਈ ਲਈ) ਸਲਾਹ-ਮਸ਼ਵਰਾ ਤੇ ਫ਼ੈਸਲਾ ਹੈ।1। ਰਹਾਉ।

ਹੇ ਪ੍ਰਭੂ! ਜੋ ਕੁਝ ਤੈਨੂੰ ਚੰਗਾ ਲੱਗਦਾ ਹੈ ਉਹ ਤੇਰੇ ਸੇਵਕਾਂ ਨੂੰ (ਸਿਰ-ਮੱਥੇ ਉੱਤੇ) ਪਰਵਾਨ ਹੁੰਦਾ ਹੈ, ਤੇਰੀ ਰਜ਼ਾ ਹੀ ਉਹਨਾਂ ਦੇ ਮਨ ਵਿਚ ਆਨੰਦ ਤੇ ਆਤਮਕ ਅਡੋਲਤਾ ਪੈਦਾ ਕਰਦੀ ਹੈ। ਹੇ ਪ੍ਰਭੂ! ਤੈਨੂੰ ਹੀ ਤੇਰੇ ਦਾਸ ਸਭ ਕੁਝ ਕਰਨ ਅਤੇ ਜੀਵਾਂ ਪਾਸੋਂ ਕਰਾਣ ਦੀ ਤਾਕਤ ਰੱਖਣ ਵਾਲਾ ਮੰਨਦੇ ਹਨ, ਤੂੰ ਹੀ ਉਹਨਾਂ ਦੀ ਨਿਗਾਹ ਵਿਚ ਬੇਅੰਤ ਹੈਂ।

ਹੇ ਭਾਈ! ਪਰਮਾਤਮਾ ਦੇ ਦਾਸਾਂ ਨੂੰ ਪਰਮਾਤਮਾ ਦੇ ਬਰਾਬਰ ਦਾ ਹੋਰ ਕੋਈ ਨਹੀਂ ਦਿੱਸਦਾ।1।

ਹੇ ਪਿਆਰੇ ਪ੍ਰਭੂ! ਤੇਰੇ ਦਾਸਾਂ ਵਾਸਤੇ ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਸਾਧ ਸੰਗਤਿ ਵਿਚ ਬੈਠ ਕੇ ਉਹ (ਤੇਰੇ ਨਾਮ ਦਾ) ਰਸ ਮਾਣਦੇ ਹਨ। (ਹੇ ਭਾਈ!) ਜਿਨ੍ਹਾਂ ਨੇ ਸੁਖਾਂ ਦੇ ਖ਼ਜ਼ਾਨੇ ਹਰੀ ਦੀ ਸਿਫ਼ਤਿ-ਸਾਲਾਹ ਕੀਤੀ ਉਹ ਮਨੁੱਖ ਗੁਣਾਂ ਨਾਲ ਭਰਪੂਰ ਹੋ ਗਏ ਉਹੀ ਮਨੁੱਖ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਏ ਤ੍ਰਿਪਤ ਹੋ ਗਏ।2।

ਹੇ ਪ੍ਰਭੂ! ਹੇ ਸੁਆਮੀ! ਜਿਨ੍ਹਾਂ ਮਨੁੱਖਾਂ ਨੂੰ ਤੇਰਾ ਆਸਰਾ ਹੈ ਉਹਨਾਂ ਨੂੰ ਕੋਈ ਚਿੰਤਾ ਪੋਹ ਨਹੀਂ ਸਕਦੀ। ਹੇ ਸੁਆਮੀ! ਜਿਨ੍ਹਾਂ ਉਤੇ ਤੇਰੀ ਮੇਹਰ ਹੁੰਦੀ ਹੈ ਉਹ (ਨਾਮ-ਧਨ ਨਾਲ) ਸਾਹੂਕਾਰ ਬਣ ਗਏ ਉਹ ਭਾਗਾਂ ਵਾਲੇ ਬਣ ਗਏ।3।

ਹੇ ਨਾਨਕ! (ਆਖ—) ਜਦੋਂ ਹੀ ਕੋਈ ਮਨੁੱਖ ਪਰਮਾਤਮਾ ਦਾ ਦਰਸ਼ਨ ਕਰ ਲੈਂਦਾ ਹੈ (ਉਸ ਦੇ ਅੰਦਰੋਂ) ਭਟਕਣਾ

ਮੋਹ, ਠੱਗੀਆਂ ਆਦਿਕ ਸਾਰੇ ਵਿਕਾਰ ਨਿਕਲ ਜਾਂਦੇ ਹਨ। ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਾਮਤਮਾ ਦੇ ਨਾਮ ਨੂੰ ਆਪਣੀ ਰੋਜ਼ ਦੀ ਵਰਤਣ ਬਣਾ ਲੈਂਦਾ ਹੈ, ਉਹ ਪ੍ਰਭੂ ਦੇ ਪ੍ਰੇਮ-ਰੰਗ ਵਿਚ (ਰੰਗੀਜ ਕੇ) ਪਰਮਾਤਮਾ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ।4।1। 40।

ਨੋਟ:- 'ਘਰੁ 6' ਦੇ ਨਵੇਂ ਸੰਗ੍ਰਹ ਦਾ ਇਹ ਪਹਿਲਾ ਸ਼ਬਦ ਹੈ।